**ਪਉੜੀ ॥ ਹਰਿ ਜੀ ਮਾਤਾ ਹਰਿ ਜੀ ਪਿਤਾ ਹਰਿ ਜੀਉ ਪ੍ਰਤਿਪਾਲਕ ॥ ਹਰਿ ਜੀ ਮੇਰੀ ਸਾਰ ਕਰੇ ਹਮ ਹਰਿ ਕੇ ਬਾਲਕ ॥ ਸਹਜੇ ਸਹਜਿ ਖਿਲਾਇਦਾ ਨਹੀ ਕਰਦਾ ਆਲਕ ॥ ਅਉਗਣੁ ਕੋ ਨ ਚਿਤਾਰਦਾ ਗਲ ਸੇਤੀ ਲਾਇਕ ॥ ਮੁਹਿ ਮੰਗਾਂ ਸੋਈ ਦੇਵਦਾ ਹਰਿ ਪਿਤਾ ਸੁਖਦਾਇਕ ॥ ਗਿਆਨੁ ਰਾਸਿ ਨਾਮੁ ਧਨੁ ਸਉਪਿਓਨੁ ਇਸੁ ਸਉਦੇ ਲਾਇਕ ॥ ਸਾਝੀ ਗੁਰ ਨਾਲਿ ਬਹਾਲਿਆ ਸਰਬ ਸੁਖ ਪਾਇਕ ॥ ਮੈ ਨਾਲਹੁ ਕਦੇ ਨ ਵਿਛੁੜੈ ਹਰਿ ਪਿਤਾ ਸਭਨਾ ਗਲਾ ਲਾਇਕ ॥੨੧ ॥**

**{ਪੰਨਾ 1101}**

ਪਦਅਰਥ:- ਸਾਰ—ਸੰਭਾਲ। ਸਹਜਿ —ਸਹਜ ਅਵਸਥਾ ਵਿਚ , ਆਤਮਕ ਅਡੋਲਤਾ ਵਿਚ। ਆਲਕ—ਆਲਸ। ਕੋ —ਕੋਈ। ਸੇਤੀ —ਨਾਲ। ਲਾਇਕ —ਲਾ ਲੈਂਦਾ ਹੈ। ਮੰਗਾਂ —ਮੈਂ ਮੰਗਦਾ ਹਾਂ। ਸੁਖਦਾਇਕ—ਸੁਖ ਦੇਣ ਵਾਲਾ। ਸਉਪਿਓਨੁ —ਉਸ (ਪ੍ਰਭੂ) ਨੇ ਸੌਂਪਿਆ ਹੈ। ਸਾਝੀ —ਭਾਈਵਾਲ। ਪਾਇਕ—ਸੇਵਕ। ਮੈ ਨਾਲਹੁ—ਮੇਰੇ ਨਾਲੋਂ। ਲਾਇਕ—ਸਮਰੱਥ।

ਅਰਥ:- ਪਰਮਾਤਮਾ ਮੇਰਾ ਮਾਤਾ ਪਿਤਾ ਹੈ (ਮਾਪਿਆਂ ਵਾਂਗ ਮੈਨੂੰ ) ਪਾਲਣ ਵਾਲਾ ਹੈ। ਪ੍ਰਭੂ ਮੇਰੀ ਸੰਭਾਲ ਕਰਦਾ ਹੈ , ਅਸੀਂ ਪ੍ਰਭੂ ਦੇ ਬੱਚੇ ਹਾਂ। ਮੈਨੂੰ ਮੇਰਾ ਹਰੀ ਅਡੋਲ ਅਵਸਥਾ ਵਿਚ ਟਿਕਾ ਕੇ ਜੀਵਨ-ਖੇਡ ਖਿਡਾ ਰਿਹਾ ਹੈ , (ਇਸ ਗੱਲੋਂ ਰਤਾ ਭੀ ) ਆਲਸ ਨਹੀਂ ਕਰਦਾ। ਮੇਰੇ ਕਿਸੇ ਔਗੁਣ ਨੂੰ ਚੇਤੇ ਨਹੀਂ ਰੱਖਦਾ, (ਸਦਾ) ਆਪਣੇ ਗਲ ਨਾਲ (ਮੈਨੂੰ) ਲਾਈ ਰੱਖਦਾ ਹੈ। ਜੋ ਕੁਝ ਮੈਂ ਮੂੰਹੋਂ ਮੰਗਦਾ ਹਾਂ, ਮੇਰਾ ਸੁਖ-ਦਾਈ ਪਿਤਾ-ਪ੍ਰਭੂ ਉਹੀ ਉਹੀ ਦੇ ਦੇਂਦਾ ਹੈ।

ਉਸ ਪ੍ਰਭੂ ਨੇ ਮੈਨੂੰ ਆਪਣੇ ਨਾਲ ਜਾਣ -ਪਛਾਣ ਦੀ ਪੂੰਜੀ ਆਪਣਾ ਨਾਮ -ਧਨ ਸੌਂਪ ਦਿੱਤਾ ਹੈ, ਤੇ ਮੈਨੂੰ ਇਹ ਸੌਦਾ ਵਿਹਾਝਣ ਦੇ ਲਾਇਕ ਬਣਾ ਦਿੱਤਾ ਹੈ। ਪ੍ਰਭੂ ਨੇ ਮੈਨੂੰ ਸਤਿਗੁਰੂ ਦੇ ਨਾਲ ਭਾਈਵਾਲ ਬਣਾ ਦਿੱਤਾ ਹੈ, (ਹੁਣ) ਸਾਰੇ ਸੁਖ ਮੇਰੇ ਦਾਸ ਬਣ ਗਏ ਹਨ।

ਮੇਰਾ ਪਿਤਾ-ਪ੍ਰਭੂ ਕਦੇ ਭੀ ਮੇਰੇ ਨਾਲੋਂ ਵਿਛੁੜਦਾ ਨਹੀਂ, ਸਾਰੀਆਂ ਗੱਲਾਂ ਕਰਨ ਦੇ ਸਮਰੱਥ ਹੈ। 21।